**ਪੰਜਾਬ ਸਕੂਲ ਸਿੱਖਿਆ ਬੋਰਡ**

**ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062**

ਨੰ:ਪਸਸਬ-ਕਸ- 2022/365
ਮਿਤੀ: 21/04/2022

ਵੱਲ

ਸਮੂਹ ਪ੍ਰਿੰਸੀਪਲਜ਼ ਕਮ ਕੇਂਦਰ ਕੰਟਰੋਲਰਜ਼
ਐਸ.ਏ.ਐਸ ਨਗਰ।

ਵਿਸ਼ਾ:- **ਦਸਵੀਂ ਪੱਧਰ ਦੀ ਪੰਜਾਬੀ ਵਾਧੂ ਵਿਸ਼ੇ ਦੀ ਪਰੀਖਿਆ ਕਰਵਾਉਂਣ ਸਬੰਧੀ।**

ਕਰੋਨਾ ਵਾਇਰਸ (COVID-19) ਦੇ ਚੱਲਦਿਆਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਸ਼ਾ ਅਧੀਨ ਪਰੀਖਿਆ ਮਿਤੀ 30-04-2022 ਅਤੇ 01-05-2022 ਨੂੰ ਸਵੇਰੇ 11.00 ਵਜੇ ਤੋਂ 2.15 ਵਜੇ ਤੱਕ ਕਰਵਾਈ ਜਾ ਰਹੀ ਹੈ। ਮਿਤੀ 29-04-2022 ਨੂੰ ਪਰੀਖਿਆ ਕੇਂਦਰ ਖੋਲ੍ਹਿਆ (Open) ਜਾਵੇ। ਮਿਤੀ 30-04-2022 ਅਤੇ 01-05-2022 ਨੂੰ ਦੋਵੇਂ ਦਿਨ ਦਫਤਰ ਦੇ ਕਰਮਚਾਰੀ ਰਾਹੀਂ ਪ੍ਰਸ਼ਨ ਪੱਤਰ ਸਵੇਰੇ 10.00 ਵਜੇ ਆਪ ਜੀ ਨੂੰ ਪ੍ਰਾਪਤ ਕਰਵਾਏ ਜਾਣਗੇ। ਪਰੀਖਿਆਰਥੀਆਂ ਦੀ ਗਿਣਤੀ ਕਾਫੀ ਘੱਟ ਰੱਖੀ ਗਈ ਹੈ। ਆਪ ਦੇ ਪੂਰਨ ਸਹਿਯੋਗ ਦੀ ਜ਼ਰੂਰਤ ਹੈ।

ਪਰੀਖਿਆ ਸੁਚੱਜੇ ਢੰਗ ਨਾਲ ਕਰਵਾਉਂਣ ਲਈ ਹੇਠ ਲਿਖੇ ਅਨੁਸਾਰ ਪੁਖਤਾ ਪ੍ਰਬੰਧ ਕਰਵਾਏ ਜਾਣ:-

1. ਪਰੀਖਿਆ ਕੇਂਦਰਾਂ ਦੀ ਸਾਫ ਸਫਾਈ ਅਤੇ ਸੈਨੇਟਾਈਜ਼ੇਸ਼ਨ **1% ਸੋਡੀਅਮ ਹਾਈਪੋਕਲੋਰਾਈਟ** ਨਾਲ ਕਰਵਾਈ ਜਾਵੇ।
2. **70% ਆਈਸੋਪ੍ਰੋਪਾਈਲ ਅਲਕੋਹਲ** ਯੁਕਤ ਹੈਂਡ ਸੈਨੇਟਾਈਜ਼ਰ, ਸਾਬਣ ਅਦਿ ਦਾ ਪ੍ਰਬੰਧ ਕੀਤਾ ਜਾਵੇ।
3. ਪਰੀਖਿਆਰਥੀਆਂ ਨੂੰ ਸਰਕਾਰੀ ਹਦਾਇਤਾਂ ਅਨੁਸਾਰ ਸਮਾਜਿਕ ਦੂਰੀ ਨੂੰ ਧਿਆਨ ਵਿੱਚ ਰੱਖਦੇ ਹੋਏ ਸੀਟਿੰਗ ਪਲਾਨ ਕੀਤਾ ਜਾਵੇ।
4. ਐਂਟਰੀ ਗੇਟ ਤੇ ਹੀ ਪਰੀਖਿਆਰਥੀ ਦੀ ਸਿਹਤ ਬਾਰੇ ਜਾਣਕਾਰੀ ਲਈ ਜਾਵੇ।
5. ਅਜਿਹੇ ਪ੍ਰਬੰਧ ਕੀਤੇ ਜਾਣ ਕਿ ਪਾਣੀ ਪੀਣ /ਹੱਥ ਧੋਣ ਜਾਂ ਬਾਥ ਰੂਮਾਂ ਵਿੱਚ ਇੱਕ ਤੋਂ ਵੱਧ ਪਰੀਖਿਆਰਥੀ ਨਾ ਜਾਵੇ।
6. Transparent Bottle ਵਿੱਚ ਪਰੀਖਿਆਰਥੀ ਨੂੰ ਪਾਣੀ ਲਿਆਉਂਣ ਦੀ ਆਗਿਆ ਦਿੱਤੀ ਜਾਵੇ।
7. ਪਰੀਖਿਆਰਥੀਆਂ ਨੂੰ ਆਪਣੀ ਕੋਈ ਵੀ ਚੀਜ/ ਵਸਤੂ ਇੱਕ ਦੂਸਰੇ ਨਾਲ ਸ਼ੇਅਰ ਨਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ।
8. ਹੈਂਡ ਸੈਨੇਟਾਈਜ਼ਰ ਦਾ ਪ੍ਰਬੰਧ ਪਰੀਖਿਆ ਕੇਂਦਰ ਦੇ ਮੇਨ ਗੇਟ ਤੇ ਕੀਤਾ ਜਾਵੇ।
9. ਬਾਥਰੂਮਾਂ ਦੀ ਸਫਾਈ ਦਾ ਪੂਰਾ ਧਿਆਨ ਰੱਖਿਆ ਜਾਵੇ ਅਤੇ ਬਾਥਰੂਮਾਂ ਵਿੱਚ ਪਾਣੀ, ਸਾਬਣ ਦਾ ਪ੍ਰਬੰਧ ਕੀਤਾ ਜਾਵੇ।
10. ਪ੍ਰਸ਼ਨ-ਪੱਤਰ ਦੇ ਪੈਕਟਾਂ ਦੀਆਂ ਸੀਲਾਂ ਸਬੰਧਤ ਕਰਮਚਾਰੀ ਦੀ ਹਾਜ਼ਰੀ ਵਿੱਚ ਚੈੱਕ ਕੀਤੀਆਂ ਜਾਣ। ਜੇਕਰ ਕੋਈ ਸੀਲ ਟੁੱਟੀ ਜਾਂ ਪ੍ਰਸ਼ਨ ਪੱਤਰਾਂ ਦੀ ਘਾਟ ਹੋਵੇ ਤਾਂ ਤੁਰੰਤ ਦਫ਼ਤਰ ਵਲੋਂ ਭੇਜੇ ਗਏ ਕਰਮਚਾਰੀ/ਅਧਿਕਾਰੀ ਦੇ ਧਿਆਨ ਵਿੱਚ ਲਿਆਂਦਾ ਜਾਵੇ। ਕੇਂਦਰ ਸੁਪਰਡੰਟ ਦਾ ਪੈਕਟ ਵੀ ਪ੍ਰਾਪਤ ਕਰਕੇ ਸਬੰਧਿਤ ਕੇਂਦਰ ਸੁਪਰਡੰਟ ਨੂੰ ਸੌਂਪ ਦਿੱਤਾ ਜਾਵੇ।
11. ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰਕੇ ਪਰੀਖਿਆ ਕੇਂਦਰ ਦੁਆਲੇ ਦਫਾ-144 CRPC ਲਾਗੂ ਕਰਵਾਉਣ/ਬਾਹਰੀ ਦਖਲ-ਅੰਦਾਜੀ ਰੋਕਣ ਅਤੇ ਟ੍ਰੈਫਿਕ ਜਾਮ ਵਰਗੀ ਸਥਿਤੀ ਨਾਲ ਨਿਪਟਣ ਲਈ ਪੁਲਿਸ ਕਰਮਚਾਰੀਆਂ ਦੀ ਡਿਊਟੀ ਲਗਾਈ ਜਾਵੇ ਪਰੰਤੂ ਪੁਲਿਸ ਕਰਮਚਾਰੀਆਂ ਨੂੰ ਪਰੀਖਿਆ ਕੇਂਦਰ ਦੇ ਅੰਦਰ ਦਾਖਲ ਹੋਣ ਦੀ ਆਗਿਆ ਨਹੀਂ ਹੈ।
12. ਇਹਨਾਂ ਪਰੀਖਿਆਵਾਂ ਲਈ ਕੇਂਦਰ ਸੁਪਰਡੰਟ ਬੋਰਡ ਦਫਤਰ ਵੱਲੋਂ ਤਾਇਨਾਤ ਕੀਤਾ ਜਾਵੇਗਾ।
13. ਡਿਪਟੀ ਸੁਪਰਡੰਟ/ਸਹਾਇਕ ਸੁਪਰਡੰਟ/ਨਿਗਰਾਨ ਅਤੇ ਦਰਜਾ ਚਾਰ ਕਰਮਚਾਰੀ ਆਪਣੇ ਸਕੂਲ ਦੇ ਹੀ ਤਾਇਨਾਤ ਕੀਤੇ ਜਾਣ। ਡਿਪਟੀ ਕੰਟਰੋਲਰ (ਵਿਜੀਲੈਂਸ) ਦੂਸਰੇ ਸਕੂਲ ਦਾ ਤਾਇਨਾਤ ਕੀਤਾ ਗਿਆ ਹੈ। ਡਿਪਟੀ ਕੰਟਰੋਲਰ (ਵਿਜੀਲੈਂਸ) ਆਪਣੀ ਵੱਖਰੀ ਪਹਿਚਾਣ ਲਈ ਨੇਮ ਪਲੇਟ/ਆਈ ਕਾਰਡ ਲਗਾਉਣਾ ਜਰੂਰੀ ਹੈ।
14. ਲੋੜ ਅਨੁਸਾਰ ਖਾਲੀ ਉੱਤਰ-ਪੱਤਰੀਆਂ ਜ਼ਿਲ੍ਹਾ ਮੈਨੇਜਰ ਖੇਤਰੀ ਦਫਤਰ ਤੋਂ ਪ੍ਰਾਪਤ ਕਰ ਲਈਆਂ ਜਾਣ।
15. ਕੇਂਦਰ ਕੰਟਰੋਲਰ ਪਰੀਖਿਆ ਕੇਂਦਰ ਦੇ ਆਲੇ ਦੁਆਲੇ ਸਕਿਓਰਟੀ ਦਾ ਪ੍ਰਬੰਧ ਕਰਨਗੇ।
16. ਸੁਪਰਡੰਟ ਨੂੰ ਮਿਹਨਤਾਨੇ ਦੀ ਅਦਾਇਗੀ ਕੀਤੀ ਜਾਵੇਗੀ। ਡਿਪਟੀ ਸੁਪਰਡੰਟ/ਸਹਾਇਕ ਸੁਪਰਡੰਟ/ ਅਤੇ ਡਿਪਟੀ ਕੰਟਰੋਲਰ (ਵਿਜੀਲੈਂਸ) ਅਤੇ ਨਿਗਰਾਨ ਅਮਲੇ ਨੂੰ ਕੋਈ ਅਦਾਇਗੀ ਨਹੀਂ ਕੀਤੀ ਜਾਵੇਗੀ।
17. ਸਿੰਗਲ ਬੈਂਚ ਤੇ ਸਿੰਗਲ ਪਰੀਖਿਆਰਥੀ ਬਿਠਾਇਆ ਜਾਵੇ।
18. ਇਸ ਵਾਰ ਕੇਂਦਰ ਕੰਟਰੋਲਰ ਅਤੇ ਕੇਂਦਰ ਸੁਪਰਡੰਟ ਲਈ ਹਦਾਇਤਾਂ ਸਕੂਲ ਦੀ Login ID ਤੇ ਅਪ-ਲੋਡ ਕਰਵਾਈਆਂ ਗਈਆਂ ਹਨ। ਇਨ੍ਹਾਂ ਹਦਾਇਤਾਂ ਨੂੰ ਡਾਊਨਲੋਡ ਕਰਕੇ ਕੇਂਦਰ ਸੁਪਰਡੰਟ ਨੂੰ ਮੁਹੱਈਆਂ ਕਰਵਾ ਦਿੱਤੀਆਂ ਜਾਣ ਅਤੇ ਕੇਂਦਰ ਕੰਟਰੋਲਰ ਵਾਲੀਆਂ ਹਦਾਇਤਾਂ ਆਪਣੀ ਜਾਣਕਾਰੀ ਹਿੱਤ ਰੱਖ ਲਈਆਂ ਜਾਣ।
19. ਪਰੀਖਿਆ ਕੇਂਦਰ ਦੇ ਬਾਹਰ ਸ਼ਾਂਤੀ/ਅਨੁਸ਼ਾਸਨ ਕਾਇਮ ਰੱਖਣ ਲਈ ਕੇਂਦਰ ਕੰਟਰੋਲਰ ਦੀ ਸਹਾਇਤਾ ਲਈ ਡਿਪਟੀ ਕੰਟਰੋਲਰ (ਵਿਜੀਲੈਂਸ) ਵੀ ਨਿਯੁਕਤ ਕੀਤਾ ਜਾਵੇਗਾ।
20. ਇਸ ਪਰੀਖਿਆ ਵਿੱਚ ਤਾਇਨਾਤ ਕੀਤੇ ਜਾਣ ਵਾਲੇ ਅਮਲੇ ਨੂੰ ਕੋਈ ਅਦਾਇਗੀ ਨਹੀਂ ਕੀਤੀ ਜਾਵੇਗੀ।
21. ਪਰੀਖਿਆ ਸ਼ੁਰੂ ਹੋਣ ਤੋਂ ਇੱਕ ਦਿਨ ਪਹਿਲਾਂ ਬਿਜਲੀ, ਪਾਣੀ ਅਤੇ ਫਰਨੀਚਰ ਆਦਿ ਦਾ ਪ੍ਰਬੰਧ ਕਰ ਲਿਆ ਜਾਵੇ। ਪਰੀਖਿਆ ਖਤਮ ਹੋਣ ਉਪਰੰਤ ਹੱਲ ਹੋਈਆਂ ਉੱਤਰ ਪੱਤਰੀਆਂ ਦੇ ਸੀਲਬੰਦ ਬੰਡਲ ਗੁਪਤ ਸ਼ਾਖਾ, ਪੰਜਾਬ ਸਕੂਲ ਸਿੱਖਿਆ ਬੋਰਡ ਪਾਸ ਕੇਂਦਰ ਸੁਪਰਡੰਟ ਵੱਲੋਂ ਜਮ੍ਹਾਂ ਕਰਵਾਏ ਜਾਣੇ ਹਨ।
22. ਸੁਪਰਡੰਟ ਅਤੇ ਡਿਪਟੀ ਕੰਟਰੋਲਰ (ਵਿਜੀਲੈਂਸ) ਦਫਤਰ ਵੱਲੋਂ ਤਾਇਨਾਤ ਕੀਤੇ ਗਏ ਹਨ। ਨਿਗਰਾਨ ਅਮਲਾ ਸਬੰਧਤ ਸਕੂਲ ਦਾ ਹੀ ਹੋਵੇਗਾ।

23. ਨਕਲ ਬਿਲਕੁੱਲ ਨਹੀਂ ਹੋਣੀ ਚਾਹੀਦੀ। ਜੇਕਰ ਅਜਿਹੀ ਰਿਪੋਰਟ ਪ੍ਰਾਪਤ ਹੁੰਦੀ ਹੈ ਤਾਂ ਨਿਯਮਾਂ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇਗੀ।

24. ਨਿਗਰਾਨ ਅਮਲੇ ਦੀ ਘਾਟ ਸਬੰਧੀ ਜ਼ਿਲ੍ਹਾ ਸਿੱਖਿਆ ਅਫਸਰ ਨਾਲ ਸੰਪਰਕ ਕੀਤਾ ਜਾਵੇ।

25. ਪਰੀਖਿਆਰਥੀਆਂ ਲਈ ਪਰੀਖਿਆ ਕੇਂਦਰ ਵਿੱਚ ਇੱਕ ਘੰਟਾ ਪਹਿਲਾਂ ਪਹੁੰਚਣਾ ਲਾਜਮੀ ਕੀਤਾ ਗਿਆ ਹੈ।

26. ਸਕੂਲ ਲਾਗਇਨ ਤੇ ਪਰੀਖਿਆਰਥੀਆਂ ਸਬੰਧੀ ਡਾਟਾ ਉਪਲੱਭਧ ਕਰਵਾਇਆ ਗਿਆ ਹੈ। ਕੇਂਦਰ ਸੁਪਰਡੰਟ ਨੂੰ ਡਾਟਾ, ਪੱਤਰ , ਹਦਾਇਤਾਂ ਆਦਿ ਡਾਊਨਲੋਡ ਕਰਕੇ ਉਪਲੱਭਧ ਕਰਵਾਈਆਂ ਜਾਣ।

27. ਪਰੀਖਿਆ ਤੋਂ ਇੱਕ ਦਿਨ ਪਹਿਲਾਂ ਸਾਰੇ ਪ੍ਰਬੰਧ ਮੁਕੰਮਲ ਕਰਵਾਏ ਜਾਣ। ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।

28. ਸਰਕਾਰ ਵੱਲੋਂ (COVID-19) ਸਬੰਧੀ ਸਮੇਂ ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ/ਕਰਵਾਈ ਜਾਵੇ।

29. ਪਰੀਖਿਆ ਕੇਂਦਰ ਦੇ ਬਾਹਰ ਪਰੀਖਿਆਰਥੀਆਂ ਦੀ ਭੀੜ ਨਾ ਹੋਣ ਦਿੱਤੀ ਜਾਵੇ।

ਸਹਾਇਕ ਸਕੱਤਰ (ਕੰਸ)